## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 28-02-2025**

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ ਜਾ ਰਿਹਾ ਏ ।ਇਹ ਦਿਨ ਹਰ ਸਾਲ 28 ਫਰਵਰੀ ਨੂੰ ਮਹਾਨ ਭੌਤਿਕ ਵਿਗਿਆਨੀ, ਸਰ C.V. ਰਮਨ ਵਲੋਂ ਰਮਨ ਪ੍ਰਭਾਵ ਦੀ ਖੋਜ ਦੀ ਯਾਦ ਵਿੱਚ ਮਨਾਇਆ ਜਾਂਦਾ ਏ ।ਇਸ ਮਹੱਤਵਪੂਰਨ ਖੋਜ ਲਈ ਉਨ੍ਹਾਂ ਨੂੰ ਸਾਲ 1930 ਵਿੱਚ ਨੋਬਲ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਸੀ। ਰਾਸ਼ਟਰੀ ਵਿਗਿਆਨ ਦਿਵਸ ਦੇ ਮੌਕੇ 'ਤੇ ਅੱਜ ਦੇਸ਼ ਵਿੱਚ ਵੱਖ-ਵੱਖ ਵਿਸ਼ਿਆਂ' ਤੇ ਅਧਾਰਤ ਵਿਗਿਆਨਕ ਸੰਚਾਰ ਨਾਲ ਸਬੰਧਤ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਂਦਾ ਏ । ਕੇਂਦਰੀ ਵਿਗਿਆਨ ਅਤੇ ਤਕਨੋਲੋਜੀ ਮੰਤਰੀ ਡਾ. ਜਿਤੇਂਦਰ ਸਿੰਘ ਵੀ ਅੱਜ ਰਾਸ਼ਟਰੀ ਵਿਗਿਆਨ ਦਿਵਸ ਪ੍ਰੋਗਰਾਮ ਵਿੱਚ ਹਿੱਸਾ ਲੈਣਗੇ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰੀ ਵਿਗਿਆਨ ਦਿਵਸ ਦੇ ਮੌਕੇ 'ਤੇ ਸਾਰਿਆਂ ਨੂੰ ਵਧਾਈ ਦਿੱਤੀ ਏ। ਸੋਸ਼ਲ ਮੀਡੀਆ 'ਤੇ ਇਕ ਪੋਸਟ ਵਿਚ ਸ੍ਰੀ ਮੋਦੀ ਨੇ ਕਿਹਾ ਕਿ ਜਿਗਿਆਸਾ ਵਿਗਿਆਨ ਦੀ ਜਨਨੀ ਏ ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਗਿਆਨ ਅਤੇ ਗਿਆਨ ਮਿਲ ਕੇ ਹਰ ਸਮੱਸਿਆ ਦੇ ਹੱਲ ਦਾ ਰਾਹ ਖੋਲ੍ਹਦੇ ਨੇ। ਉਨ੍ਹਾਂ ਨੇ ਸਾਰਿਆਂ ਨੂੰ ਇੱਕ ਵਿਕਸਤ ਭਾਰਤ ਬਣਾਉਣ ਲਈ ਵਿਗਿਆਨ ਅਤੇ ਨਵੀਨਤਾ ਨੂੰ ਪ੍ਰਸਿੱਧ ਬਣਾਉਣ ਅਤੇ ਵਿਗਿਆਨ ਦਾ ਲਾਭ ਉਠਾਉਣ ਦੀ ਅਪੀਲ ਕੀਤੀ ਏ।

------------------------------------------------------------------------------

ਪੰਜਾਬ ਸਰਕਾਰ ਨੇ ਡਿਊਟੀ ਦੌਰਾਨ ਜੰਗ ਜਾਂ ਅਪਰੇਸ਼ਨ ਵਿਚ ਦਿਵਿਆਂਗ ਹੋਣ ਵਾਲੇ ਸੈਨਿਕਾਂ ਲਈ ਐਕਸ-ਗ੍ਰੇਸ਼ੀਆ ਮਾਲੀ ਸਹਾਇਤਾ ਵਿੱਚ ਚੋਖਾ ਵਾਧਾ ਕਰਨ ਨੂੰ ਪ੍ਰਵਾਨਗੀ ਦੇ ਦਿੱਤੀ ਏ। ਰਾਜ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਕਿਹਾ ਕਿ ਸੋਧੀ ਹੋਈ ਨੀਤੀ ਤਹਿਤ, ਐਕਸ-ਗ੍ਰੇਸ਼ੀਆ ਮਾਲੀ ਸਹਾਇਤਾ ਨੂੰ ਦੁੱਗਣਾ ਕਰ ਦਿੱਤਾ ਗਿਆ ਏ। ਇਸ ਨਾਲ ਰੱਖਿਆ ਸੇਵਾਵਾਂ ਅਤੇ ਅਰਧ ਸੈਨਿਕ ਬਲਾਂ ਦੇ ਪ੍ਰਭਾਵਿਤ ਮੁਲਾਜ਼ਮਾਂ ਲਈ ਵਧੇਰੇ ਮਾਲੀ ਸੁਰੱਖਿਆ ਨੂੰ ਯਕੀਨੀ ਬਣਾਇਆ ਗਿਆ ਏ । ਨਵੇਂ ਪ੍ਰਬੰਧਾਂ ਅਨੁਸਾਰ, 76 ਫੀਸਦ ਤੋਂ 100 ਫੀਸਦ ਦਿਵਿਆਂਗ ਹੋਏ ਸਿਪਾਹੀਆਂ ਨੂੰ ਹੁਣ 40 ਲੱਖ ਰੁਪਏ ਮਿਲਣਗੇ, ਜੋ ਕਿ ਪਹਿਲਾਂ 20 ਲੱਖ ਰੁਪਏ ਸੀ। ਇਸੇ ਤਰ੍ਹਾਂ 51 ਫੀਸਦ ਤੋਂ 75 ਫੀਸਦ ਦਿਵਿਆਂਗ ਹੋਏ ਸੈਨਿਕਾਂ ਨੂੰ 10 ਲੱਖ ਰੁਪਏ ਦੀ ਬਜਾਏ 20 ਲੱਖ ਰੁਪਏ ਦਿੱਤੇ ਜਾਣਗੇ, ਜਦੋਂ ਕਿ 25 ਫੀਸਦ ਤੋਂ 50 ਫੀਸਦ ਦਿਵਿਆਂਗ ਹੋਏ

ਸੈਨਿਕਾਂ ਨੂੰ ਪਹਿਲਾਂ 5 ਲੱਖ ਰੁਪਏ ਦੇ ਮੁਕਾਬਲੇ ਹੁਣ 10 ਲੱਖ ਰੁਪਏ ਮਿਲਣਗੇ।

---------------------------------------------------------------------------

ਪੰਜਾਬ ਮੰਤਰੀ ਮੰਡਲ ਨੇ ਵੱਖ-ਵੱਖ ਵਿਭਾਗਾਂ ਨਾਲ ਤਾਲਮੇਲ ਕਰਕੇ ਹਵਾਈ, ਰੇਲ, ਸੜਕੀ ਆਵਾਜਾਈ ਅਤੇ ਹੋਰ ਸੰਭਾਵੀ ਤਰੀਕਿਆਂ ਰਾਹੀਂ ਪੰਜਾਬ ਵਾਸੀਆਂ ਨੂੰ ਆਰਾਮਦਾਇਕ ਤੀਰਥ ਯਾਤਰਾ ਕਰਵਾਉਣ ਦੇ ਮਕਸਦ ਨਾਲ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਅਧੀਨ “ਪੰਜਾਬ ਤੀਰਥ ਯਾਤਰਾ ਸਮਿਤੀ” ਦੇ ਗਠਨ ਨੂੰ ਸਹਿਮਤੀ ਦੇ ਦਿੱਤੀ ਏ । ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ ਸਾਲ 2023-24 ਵਿੱਚ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਦੀ ਸ਼ੁਰੂਆਤ ਕੀਤੀ ਸੀ ਅਤੇ ਰੇਲ ਗੱਡੀ/ਬੱਸਾਂ ਰਾਹੀਂ ਤਕਰੀਬਨ 34 ਹਜ਼ਾਰ ਸ਼ਰਧਾਲੂ ਵੱਖ-ਵੱਖ ਤੀਰਥ ਸਥਾਨਾਂ ਦੀ ਯਾਤਰਾ ਕਰ ਚੁੱਕੇ ਨੇ। “ਪੰਜਾਬ ਤੀਰਥ ਯਾਤਰਾ ਸਮਿਤੀ” ਇਸ ਸਕੀਮ ਅਧੀਨ ਯਾਤਰਾ ਪ੍ਰਬੰਧਾਂ ਨੂੰ ਕੁਸ਼ਲ ਤੇ ਸੁਚਾਰੂ ਬਣਾਉਣ ਦਾ ਕੰਮ ਦੇਖੇਗੀ।

---------------------------------------------------------------------------

ਹੁਸ਼ਿਆਰਪੁਰ ਜ਼ਿਲ੍ਹੇ ’ਚ ਪ੍ਰਧਾਨ ਮੰਤਰੀ ਇੰਟਰਨਸ਼ਿਪ ਯੋਜਨਾ ਨੂੰ ਕੀਤਾ ਲਾਗੂ ਜਾਵੇਗਾ। ਜ਼ਿਲ੍ਹਾ ਰੋਜ਼ਗਾਰ ਅਫਸਰ ਰਮਨਦੀਪ ਕੋਰ ਨੇ ਦੱਸਿਆ ਕਿ ਸਰਕਾਰ ਵੱਲੋਂ ਇਸ ਯੋਜਨਾ ਤਹਿਤ 12 ਮਹੀਨੇ ਦੀ

ਇੰਟਰਨਸ਼ਿਪ ਦੇਸ਼ ਦੀਆਂ 500 ਕੰਪਨੀਆਂ ਵਿੱਚ ਆਫ਼ਰ ਕੀਤੀ ਜਾ ਰਹੀ ਏ। ਇੰਟਰਨਸ਼ਿਪ ਕਰਨ ਵਾਲੇਆਂ ਨੂੰ ਵਿੱਤੀ ਸਹਾਇਤਾ 6 ਹਜ਼ਾਰ ਅਤੇ ਮਹੀਨਾਵਾਰ ਭੱਤਾ 5 ਹਜ਼ਾਰ ਰੁਪਏ ਦਿੱਤਾ ਜਾਵੇਗਾ। ਇਹ ਮੌਕਾ ਪ੍ਰਾਰਥੀਆਂ ਲਈ ਦੇਸ਼ ਦੀਆਂ ਟਾਪ ਕੰਪਨੀਆਂ ਵਿੱਚ ਤਜਰਬਾ ਲੈਣ ਲਈ ਬਹੁਤ ਲਾਹੇਵੰਦ ਰਹੇਗਾ। ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਬਿਨੈ ਕਰਨ ਵਾਲੇ ਪ੍ਰਾਰਥੀਆਂ ਵੱਲੋਂ ਧਿਆਨ ਰੱਖਿਆ ਜਾਵੇ ਕਿ ਪ੍ਰਾਰਥੀ ਦੀ ਉਮਰ 21 ਤੋਂ 24 ਸਾਲ ਹੋਣੀ ਚਾਹੀਦੀ ਏ, ਇੰਟਰਨਸ਼ਿਪ ਹਾਸਿਲ ਕਰਨ ਲਈ 12 ਮਾਰਚ ਤੱਕ ਬਿਨੈ ਕੀਤਾ ਜਾ ਸਕਦਾ ਏ।

---

ਜ਼ਿਲ੍ਹਾ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਜ਼ਿਲ੍ਹਾ ਸਿਹਤ ਸੁਸਾਇਟੀ ਦੀ ਮੀਟਿੰਗ ਉਪਰੰਤ ਫਰੀਦਕੋਟ ਦੇ ਸਿਵਲ ਹਸਪਤਾਲ ਅਤੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਦੇ ਵੱਖ-ਵੱਖ ਵਾਰਡਾਂ, ਐਮਰਜੈਂਸੀ, ਅਤੇ ਨਸ਼ਾ ਛੁਡਾਊ ਕੇਂਦਰ ਦਾ ਦੌਰਾ ਕੀਤਾ। ਉਨ੍ਹਾਂ ਨੇ ਦਾਖਲ ਮਰੀਜ਼ਾਂ ਨਾਲ ਗੱਲਬਾਤ ਦੌਰਾਨ, ਮਿਲ ਰਹੀਆਂ ਸਿਹਤ ਸਹੂਲਤਾਂ ਸਬੰਧੀ ਜਾਇਜ਼ਾ ਲਿਆ ਅਤੇ ਡਾਕਟਰਾਂ ਤੇ ਸਟਾਫ ਨਾਲ ਵੀ ਗੱਲਬਾਤ ਕੀਤੀ। ਉਹਨਾਂ ਸਿਵਲ ਹਸਪਤਾਲ ਵਿਖੇ ਮਿਲ ਰਹੀਆਂ ਸਿਹਤ ਸਹੂਲਤਾਂ ਤੇ ਤਸੱਲੀ ਪ੍ਰਗਟ ਕਰਦੇ ਹੋਏ ਕਿਹਾ ਕਿ, ਹਸਪਤਾਲ ਆਉਣ ਵਾਲੇ ਮਰੀਜ਼ਾਂ ਨਾਲ ਨਿਮਰਤਾ ਨਾਲ ਪੇਸ਼ ਆਇਆ ਜਾਵੇ ਅਤੇ

ਉਨ੍ਹਾਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਵਿਖੇ ਨਸ਼ਾ ਛੁਡਾਊ ਕੇਂਦਰ ਦਾ ਵੀ ਦੌਰਾ ਕੀਤਾ। ਉਨ੍ਹਾਂ ਇਲਾਜ ਸੇਵਾਵਾਂ ਦੀ ਗੁਣਵੱਤਾ ਨੂੰ ਵਧਾਉਣ ਲਈ, ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਤੋਂ ਨਿਯਮਤ ਤੌਰ ’ਤੇ ਫੀਡ ਬੈਕ ਲੈਣ ਦੀ ਹਦਾਇਤ ਵੀ ਕੀਤੀ। ਡਿਪਟੀ ਕਮਿਸ਼ਨਰ ਨੇ ਲੋਕਾਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਅਧਿਕਾਰੀਆਂ ਨੂੰ ਪਿੰਡਾਂ ਅਤੇ ਸ਼ਹਿਰਾਂ ’ਚ ਜਾਗਰੂਕਤਾ ਕੈਂਪ ਲਗਾਉਣ ਦੇ ਨਿਰਦੇਸ਼ ਦਿੱਤੇ।

------------------------------------------------------------------------

ਗੁਰਦਾਸਪੁਰ 'ਚ, ਬੀ.ਐਸ.ਐਫ ਵੱਲੋਂ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੂੰ ਭਾਰਤ - ਪਾਕਿਸਤਾਨ ਸਰਹੱਦ ਨੇੜੇ ਸ਼ੱਕ ਦੇ ਚਲਦਿਆਂ ਰੋਕਿਆ ਗਿਆ। ਉਨ੍ਹਾਂ ਦੀ ਤਲਾਸ਼ੀ ਲੈਣ 'ਤੇ, ਉਹਨਾਂ ਕੋਲੋ 550 ਗ੍ਰਾਮ ਹੈਰੋਇਨ ਬਰਾਮਦ ਹੋਈ ਏ ਅਤੇ ਦੋ ਮੋਬਾਈਲ ਫੋਨ ਵੀ ਜ਼ਬਤ ਕੀਤੇ ਗਏ ਨੇ। ਇਹ ਦੋਵੇਂ ਗੁਰਦਾਸਪੁਰ ਦੇ ਪਿੰਡ ਚੰਦੂਵਡਾਲਾ ਦੇ ਰਹਿਣ ਵਾਲੇ ਨੇ। ਮਾਮਲੇ ਦੀ ਅਗਲੇਰੀ ਕਾਰਵਾਈ ਜਾਰੀ ਏ ।

------------------------------------------------------------------------

ਮਹਿਲਾ ਪ੍ਰੀਮੀਅਰ ਲੀਗ (WPL) ਕ੍ਰਿਕੇਟ ਵਿੱਚ, ਦਿੱਲੀ ਕੈਪੀਟਲਜ਼ ਅੱਜ ਸ਼ਾਮ ਨੂੰ ਬੈਂਗਲੁਰੂ ਦੇ ਐਮ ਚਿੰਨਾਸਵਾਮੀ ਸਟੇਡੀਅਮ ਵਿੱਚ ਮੁੰਬਈ

ਇੰਡੀਅਨਜ਼ ਖਿਲਾਫ਼ ਖੇਡੇਗੀ. ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਏਗਾ। ਮੁੰਬਈ ਅਤੇ ਦਿੱਲੀ ਦੋਵਾਂ ਦੇ 6 ਅੰਕ ਨੇ, ਹਾਲਾਂਕਿ ਬਿਹਤਰ ਨੈੱਟ ਰਨ ਰੇਟ ਕਾਰਨ ਮੁੰਬਈ ਸੂਚੀ ਵਿੱਚ ਸਭ ਤੋਂ ਉਪਰ ਏ।